**ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ**

**ਮੀਮੋ ਨੰ: Transfer Cell/2023/322388/411** **ਮਿਤੀ:** 21.05.2023

## ਜਨਤਕ ਸੂਚਨਾਂ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੂੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy - 2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ। ਇਸ ਤੋਂ ਇਲਾਵਾ Punjab ICT Education Society (PICTES) ਅਧੀਨ ਕੰਮ ਕਰ ਰਹੇ ਕੰਪਿਊਟਰ ਫੈਕਲਟੀ ਲਈ ਤਬਾਦਲਾ ਨੀਤੀ ਮੀਮੋ ਨੰ 5/3-1CT- 2019/Trans/303800, ਮਿਤੀ 13.09.2019 ਅਤੇ ਨਾਨ ਟੀਚਿੰਗ ਸਟਾਫ ਲਈ ਤਬਾਦਲਾ ਨੀਤੀ ਮੀਮੋ ਨੰ: 2/14/2020-2edu3/2020487/1 ਮਿਤੀ 27.05.2020 ਜਾਰੀ ਕੀਤੀ ਗਈ ਸੀ। ਜੋ ਸੋਧਾਂ ਅਧਿਆਪਕਾਂ ਦੇ ਤਬਾਦਲਿਆਂ ਲਈ ਜਾਰੀ ਕੀਤੀਆਂ ਗਈਆਂ ਹਨ ਉਹ ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਤੇ ਬਦਲੀਆਂ ਲਈ ਲਾਗੂ ਹੋਣਗੀਆਂ।

2.0 ਸਾਲ 2023 ਦੌਰਾਨ ਜਾਰੀ ਜਨਤਕ ਸੂਚਨਾਂ ਮੀਮੋ ਨੰ. **Transfer Cell/2022/322388/409** ਮਿਤੀ **16.05.2023** ਰਾਹੀਂ ਵਿਭਾਗ ਵਲੋਂ ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਲਈ Station Choice ਮਿਤੀ 17.05.2023 ਤੋਂ 19.05.2023 ਤੱਕ ਮੰਗੀ ਗਈ ਸੀ। ਜੋ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਹਨ ਉਹਨਾਂ ਦੀ ਬਦਲੀ ਦੇ ਹੁਕਮ ਉਹਨਾਂ ਦੀ ਈ-ਪੰਜਾਬ ਆਈ.ਡੀ ਤੇ ਮਿਤੀ 20.05.2023 ਨੂੰ ਅਪਲੋਡ ਕਰ ਦਿੱਤੇ ਗਏ ਹਨ।

3.0 ਕੁਝ ਅਧਿਆਪਕਾਂ ਵਲੋਂ ਵਿਭਾਗ ਨਾਲ ਸੰਪਰਕ ਕਰਕੇ ਦੱਸਿਆ ਗਿਆ ਹੈ ਕਿ ਉਹਨਾਂ ਦਾ ਡਾਟਾ ਮਿਸਮੈਚ ਹੋਣ ਕਾਰਨ ਉਹ ਬਦਲੀ ਲਈ Eligible ਨਹੀਂ ਹੋ ਸਕੇ ਅਤੇ ਉਹਨਾਂ ਨੂੰ ਡਾਟਾ ਸਹੀ ਕਰਵਾਉਣ ਉਪਰੰਤ ਜਿਲ੍ਹੇ ਦੇ ਅੰਦਰ (Within District) ਬਦਲੀ ਦਾ ਇੱਕ ਮੌਕਾ ਦਿੱਤਾ ਜਾਵੇ।

4.0 ਉਕਤ ਮੰਗ ਨੂੰ ਮੁੱਖ ਰੱਖਦੇ ਹੋਏ ਜਿਹੜੇ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀਆਂ ਦਾ ਡਾਟਾ ਮਿਸਮੈਚ ਹੋ ਗਿਆ ਸੀ ਉਹਨਾਂ ਨੂੰ ਡਾਟਾ ਸਹੀ ਕਰਨ ਅਤੇ ਉਸ ਉਪਰੰਤ ਸਬੰਧਤ ਸਕੂਲ ਮੁੱਖੀ/ਡੀ.ਡੀ.ਓ ਨੂੰ ਡਾਟਾ ਵੈਰੀਫਾਈ ਕਰਨ ਲਈ ਮਿਤੀ 22.05.2023 ਨੂੰ ਸਮਾਂ 02.00 ਵਜੇ (ਬਾਃਦੁ) ਤੱਕ ਦਾ ਸਮਾਂ ਦਿੱਤਾ ਜਾਂਦਾ ਹੈ।

21/05/23

5.0 ਜਿਹੜੇ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਮਿਤੀ 20.05.2023 ਨੂੰ ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਹਨ ਉਹਨਾਂ ਨੂੰ ਛੱਡ ਕੇ ਬਾਕੀ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਜੋ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ

Scanned with CamScanner

ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ ਮਿਤੀ 22.05.2023 ਨੂੰ ਸਮਾਂ 02.00 ਵਜੇ (ਬਾਃਦੁ) ਤੋਂ ਸ਼ਾਮ 06.00 ਵਜੇ ਤੱਕ Station Choice ਦੇ ਸਕਦੇ ਹਨ। ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ ਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਹਨਾਂ ਉਪਲਬਧ ਖਾਲੀ ਸਟੇਸ਼ਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

6.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ/ਕਰਮਚਾਰੀ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

7.0 ਜੇਕਰ ਕਿਸੇ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

21/05/2023

ਸਹਾਇਕ ਡਾਇਰੈਕਟਰ (ਵਰਕਸ ਅਤੇ ਪਲਾਨਿੰਗ)

Scanned with CamScanner